# ਕੋਰੀਆ ਗਣਰਾਜ ਦੇ ਰਾਸ਼ਟਰਪਤੀ ਨਾਲ ਪ੍ਰਧਾਨ ਮੰਤਰੀ ਦੀ ਮੁਲਾਕਾਤ

ਸਤੰਬਰ 10, 2023

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਕੋਰੀਆ ਗਣਰਾਜ ਦੇ ਰਾਸ਼ਟਰਪਤੀ ਐਚ.ਈ. ਸ਼੍ਰੀ ਯੂਨ ਸੁਕ ਯੇਓਲ, ਨਾਲ 10 ਸਤੰਬਰ 2023 ਨੂੰ ਨਵੀਂ ਦਿੱਲੀ ਵਿੱਚ ਜੀ-20 ਸਿਖਰ ਸੰਮੇਲਨ ਦੌਰਾਨ ਮੁਲਾਕਾਤ ਕੀਤੀ।

ਰਾਸ਼ਟਰਪਤੀ ਯੂਨ ਸੁਕ ਯੋਲ ਨੇ ਪ੍ਰਧਾਨ ਮੰਤਰੀ ਨੂੰ ਭਾਰਤ ਦੀ ਜੀ-20 ਪ੍ਰੈਜ਼ੀਡੈਂਸੀ ਲਈ ਵਧਾਈ ਦਿੱਤੀ। ਉਨ੍ਹਾਂ ਨੇ ਚੰਦਰਯਾਨ ਮਿਸ਼ਨ ਦੀ ਸਫਲਤਾ 'ਤੇ ਪ੍ਰਧਾਨ ਮੰਤਰੀ ਨੂੰ ਵੀ ਵਧਾਈ ਦਿੱਤੀ।

ਆਗੂਆਂ ਨੇ ਨੋਟ ਕੀਤਾ ਕਿ ਇਸ ਸਾਲ ਕੂਟਨੀਤਕ ਸਬੰਧਾਂ ਦੀ ਸਥਾਪਨਾ ਦੀ 50ਵੀਂ ਵਰ੍ਹੇਗੰਢ ਹੈ। ਉਨ੍ਹਾਂ ਨੇ ਵਪਾਰ ਅਤੇ ਨਿਵੇਸ਼, ਰੱਖਿਆ ਉਤਪਾਦਨ, ਸੈਮੀਕੰਡਕਟਰਾਂ ਅਤੇ ਈਵੀ ਬੈਟਰੀ ਟਕਨੋਲੋਜੀ ਸਮੇਤ ਦੁਵੱਲੀ ਵਿਸ਼ੇਸ਼ ਰਣਨੀਤਕ ਭਾਈਵਾਲੀ ਦੇ ਵੱਖ-ਵੱਖ ਖੇਤਰਾਂ 'ਤੇ ਪ੍ਰਗਤੀ ਦੀ ਸਮੀਖਿਆ ਕੀਤੀ।

ਉਨ੍ਹਾਂ ਨੇ ਖੇਤਰੀ ਅਤੇ ਗਲੋਬਲ ਮੁੱਦਿਆਂ 'ਤੇ ਵੀ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ।

**ਨਵੀਂ ਦਿੱਲੀ**
**ਸਤੰਬਰ 10, 2023**